SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post




To view our online newspaper visit punjabipost.ca/epaper | Vol 23* Issue 57 | Monday, March 25, 2024 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' *Online*ਰੋਜ਼ਾਨਾ ਪੜ੍ਹ ਸਕਦੇ ਹੋ

## ਪਲੇਅਗ੍ਰਾਊਂਡ ਵਿੱਚ ਕੁੱਤੇ ਨੇ 9 ਸਾਲਾ ਬੱਚੇ ਨੂੰ ਵੱਢਿਆ, ਬੱਚਾ ਬੁਰੀ ਤਰ੍ਹਾਂ ਜ਼ਖ਼ਮੀ



ਟੋਰਾਂਟੋ, 24 ਮਾਰਚ (ਪੋਸਟ ਬਿਊਰੋ) : ਸ਼ਨਿੱਚਰਵਾਰ ਸਵੇਰੇ ਵਾਟਰਫਰੰਟ ਪਲੇਅਗ੍ਰਾਊਂਡ ਵਿੱਚ ਇੱਕ ਕੁੱਤੇ ਵੱਲੋਂ ਵੱਢ ਲਏ ਜਾਣ ਕਾਰਨ ਇੱਕ 9 ਸਾਲਾ ਬੱਚਾ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਿਆ। ਇਹ ਜਾਣਕਾਰੀ ਟੋਰਾਂਟੋ ਪੁਲਿਸ ਨੇ ਦਿੱਤੀ।

ਇਹ ਘਟਨਾ ਲੇਕ ਸ਼ੋਰ ਬੁਲੇਵਾਰਡ ਵੈਸਟ ਤੇ ਬਾਥਰਸਟ ਸਟਰੀਟ ਨੇੜੇ ਲਿਟਲ ਨੌਰਵੇਅ ਪਾਰਕ ਵਿੱਚ ਸਵੇਰੇ 10:15 ਵਜੇ ਦੇ ਨੇੜੇ ਤੇੜੇ ਵਾਪਰੀ। ਪੁਲਿਸ ਨੇ ਦੱਸਿਆ ਕਿ ਇੱਕ ਮਹਿਲਾ ਪਲੇਅਗ੍ਰਾਊਂਡ ਏਰੀਆ ਵਿੱਚ ਆਪਣੇ ਕੁੱਤੇ ਨਾਲ ਘੁੰਮ ਰਹੀ ਸੀ, ਕੁੱਤੇ ਦੇ ਲੀਸ਼ ਵੀ ਨਹੀਂ ਸੀ ਪਾਈ ਹੋਈ,ਜਦੋਂ ਇੱਕ ਪਿਤਾ ਆਪਣੇ ਬੱਚੇ ਨੂੰ ਲੈ ਕੇ ਪਾਰਕ ਪਹੁੰਚਿਆ। ਐਨੇ ਚਿਰ ਨੂੰ ਕੁੱਤਾ ਭੱਜ ਕੇ ਬੱਚੇ ਵੱਲ ਆ ਗਿਆ ਤੇ ਬੱਚੇ ਦੀ ਲੱਤ ਫੜ੍ਹ ਕੇ ਘੜੀਸਣ ਲੱਗਿਆ। ਉਸ ਨੇ ਉਸ ਦੀ ਕਾਫੀ ਲੱਤ ਵੱਢ ਦਿੱਤੀ। ਬੱਚੇ ਦੇ ਪਿਤਾ ਤੇ ਮਹਿਲਾ ਨੇ ਕੁੱਤੇ ਦੇ ਜਬ੍ਹੜੇ ਵਿੱਚੋਂ ਬੱਚੇ ਦੀ ਲੱਤ ਛੁਡਾਉਣ ਦੀ ਕਾਫੀ ਕੋਸ਼ਿਸ਼ ਕੀਤੀ ਤਾਂ ਜਾ ਕੇ ਕੁੱੜੇ ਨੇ ਮਸ੍ਹਾਂ ਲੱਤ ਛੱਡੀ।


ਫਿਰ ਉਹ ਮਹਿਲਾ ਆਪਣੇ ਕੁੱਤੇ ਨੂੰ ਲੈ ਕੇ ਤੇਜ਼ੀ ਨਾਲ ਉੱਥੋਂ ਚਲੀ ਗਈ।ਬੱਚੇ ਨੂੰ ਗੰਭੀਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਸ਼ਨਿੱਚਰਵਾਰ ਸ਼ਾਮ ਨੂੰ ਪੁਲਿਸ ਨੇ ਮਹਿਲਾ ਤੇ ਉਸ ਦੇ ਕੁੱਤੇ ਦੀਆਂ ਤਸਵੀਰਾਂ ਜਾਰੀ ਕੀਤੀਆਂ। ਪੁਲਿਸ ਨੇ ਆਖਿਆ ਕਿ ਜਨਤਾ ਦੀ ਸੇਫਟੀ ਨੂੰ ਲੈ ਕੇ ਵੀ ਖਤਰਾ ਹੈ। ਮਹਿਲਾ ਦੀ ਪਛਾਣ 30 ਤੋਂ 40 ਸਾਲ ਦਰਮਿਆਨ, ਪੰਜ ਫੁੱਟ ਨੌਂ ਤੇ ਪੰਜ ਫੁੱਟ 11 ਇੰਚ ਦੱਸੀ ਜਾਂਦੀ ਹੈ, ਉਸ ਦੇ ਕਾਲੇ ਵਾਲ ਹਨ ਜਿਨ੍ਹਾਂ ਦੀ ਉਸ ਨੇ ਪੋਨੀਟੇਲ ਕੀਤੀ ਹੋਈ ਸੀ।ਕੁੱਤਾ ਕਾਲਾ, ਭੂਰਾ ਤੇ ਚਿੱਟੇ ਰੰਗ ਦਾ ਦੱਸਿਆ ਜਾਂਦਾ ਹੈ ਤੇ ਉਸ ਦੇ ਵੀ ਕਾਲੇ ਰੰਗ ਦੀ ਹੁੱਡ ਵਾਲੀ ਜੈਕੇਟ ਪਾਈ ਹੋਈ ਸੀ ਤੇ ਉਸ ਦੇ ਚੇਨ ਵਾਲਾ ਕਾਲਰ ਵੀ ਪਾਇਆ ਹੋਇਆ ਸੀ। ਇੱਥੇ ਦੱਸਣਾ ਬਣਦਾ ਹੈ ਕਿ ਜਿਸ ਪਾਰਕ ਵਿੱਚ ਇਹ ਘਟਨਾ ਵਾਪਰੀ, ਉੱਥੇ ਕੁੱਤੇ ਲਿਜਾਏ ਜਾਣ ਉੱਤੇ ਪਾਬੰਦੀ ਹੈ।

## ਹਾਦਸੇ ਤੋਂ ਬਾਅਦ ਗੱਡੀ ਮਸਜਿਦ ਨਾਲ ਜਾ ਟਕਰਾਈ



ਸਕਾਰਬਰੋ, 24 ਮਾਰਚ (ਪੋਸਟ ਬਿਊਰੋ) : ਸਕਾਰਬਰੋ ਵਿੱਚ ਐਤਵਾਰ ਸਵੇਰੇ ਦੋ ਗੱਡੀਆਂ ਦਰਮਿਆਨ ਹੋਈ ਟੱਕਰ ਤੋਂ ਬਾਅਦ ਇੱਕ ਗੱਡੀ ਸੜਕ ਤੋਂ ਉਤਰ ਕੇ ਮਸਜਿਦ ਨਾਲ ਜਾ ਟਕਰਾਈ। ਐਕਸ ਉੱਤੇ ਪਾਈ ਗਈ ਪੋਸਟ ਵਿੱਚ ਪੁਲਿਸ ਨੇ ਦੱਸਿਆ ਕਿ ਇਹ ਹਾਦਸਾ ਸਵੇਰੇ 11:15 ਵਜੇ ਬਰਟਰੈਂਡ ਐਵ ਤੇ ਬਰਚਮਾਊਂਟ ਰੋਡ ਦੇ ਇੰਟਰਸੈਕਸ਼ਨ ਉੱਤੇ ਵਾਪਰਿਆ। ਹਾਦਸਾ ਐਨਾ ਜ਼ੋਰਦਾਰ ਸੀ ਕਿ ਇੱਕ ਗੱਡੀ ਟੱਕਰ ਤੋਂ ਬਾਅਦ ਸੜਕ ਤੋਂ ਉਤਰ ਕੇ ਇਮਾਰਤ ਨਾਲ ਜਾ ਟਕਰਾਈ। ਇਸ ਹਾਦਸੇ ਵਿੱਚ ਕਿਸੇ ਦੇ ਜ਼ਖ਼ਮੀ ਹੋਣ ਦੀ ਖਬਰ ਨਹੀਂ ਹੈ।

## ਗੱਡੀ ਵੱਲੋਂ ਟੱਕਰ ਮਾਰੇ ਜਾਣ ਕਾਰਨ ਵਿਅਕਤੀ ਗੰਭੀਰ ਜ਼ਖ਼ਮੀ



ਮਿਸੀਸਾਗਾ, 24 ਮਾਰਚ (ਪੋਸਟ ਬਿਊਰੋ) : ਸ਼ਨਿੱਚਰਵਾਰ ਸ਼ਾਮ ਨੂੰ ਮਿਸੀਸਾਗਾ ਵਿੱਚ ਇੱਕ ਗੱਡੀ ਵੱਲੋਂ ਟੱਕਰ ਮਾਰੇ ਜਾਣ ਕਾਰਨ ਇੱਕ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ।

ਪੀਲ ਪੁਲਿਸ ਨੇ ਦੱਸਿਆ ਕਿ ਡਿਕਸੀ ਰੋਡ ਦੇ ਪੂਰਬ ਵਿੱਚ ਡੰਡਾਸ ਸਟਰੀਟ ਈਸਟ ਤੇ ਜੈਰੋਅ ਐਵਨਿਊ ਇਲਾਕੇ ਵਿੱਚ ਸ਼ਾਮੀਂ 6:30 ਵਜੇ ਦੇ ਨੇੜੇ ਤੇੜੇ ਇਹ ਘਟਨਾ ਵਾਪਰੀ ਜਦੋਂ ਇੱਕ ਗੱਡੀ ਨੇ ਰਾਹਗੀਰ ਨੂੰ ਆ ਕੇ ਟੱਕਰ ਮਾਰ ਦਿੱਤੀ। ਪੁਲਿਸ ਨੇ ਦੱਸਿਆ ਕਿ ਜ਼ਖ਼ਮੀ ਵਿਅਕਤੀ ਨੂੰ ਗੰਭੀਰ ਹਾਲਤ ਵਿੱਚ ਟਰੌਮਾ ਸੈਂਟਰ ਲਿਜਾਇਆ ਗਿਆ।ਉਸ ਦੀ ਹਾਲਤ ਸਬੰਧੀ ਅਗਲੀ ਜਾਣਕਾਰੀ ਨਹੀਂ ਮਿਲ ਸਕੀ ਹੈ। ਪੁਲਿਸ ਨੇ ਦੱਸਿਆ ਕਿ ਗੱਡੀ ਦਾ ਡਰਾਈਵਰ ਮੌਕੇ ਉੱਤੇ ਮੌਜੂਦ ਰਿਹਾ। ਮਾਮਲੇ ਦੀ ਜਾਂਚ ਲਈ ਇੰਟਰਸੈਕਸ਼ਨ ਨੂੰ ਸਾਰੇ ਪਾਸਿਆਂ ਤੋਂ ਬੰਦ ਕਰ ਦਿੱਤਾ ਗਿਆ।

## ਸੜਕ ਹਾਦਸੇ ਦੌਰਾਨ ਪੰਜਾਬੀ ਨੌਜਵਾਨ ਦੀ ਮੌਤ

ਬਰੈਂਪਟਨ, 24 ਮਾਰਚ (ਪੋਸਟ ਬਿਊਰੋ): ਤਾਰਨ ਤਾਰਨ ਜ਼ਿਲ੍ਹੇ ਦੇ ਅਧੀਨ ਪੈਂਦੇ ਪਿੰਡ ਦੇਊ ਬਾਠ ਦਾ ਰਹਿਣ ਵਾਲਾ ਇੱਕ ਨੌਜਵਾਨ ਕੈਨੇਡਾ ਵਿੱਚ ਸੜਕ ਹਾਦਸੇ ਦਾ ਸ਼ਿਕਾਰ ਹੋ ਗਿਆ। ਜਿਵੇਂ ਹੀ ਇਹ ਸੂਚਨਾ ਪਰਿਵਾਰ ਤੱਕ ਪਹੁੰਚੀ ਤਾਂ ਘਰ 'ਚ ਸੋਗ ਦਾ ਮਾਹੌਲ ਬਣ ਗਿਆ। ਪੀੜਤ ਪਰਿਵਾਰ ਹੁਣ ਸਰਕਾਰ ਤੋਂ ਉਨ੍ਹਾਂ ਦੇ ਪੁੱਤ ਦੀ ਮ੍ਰਿਤਕ ਦੇਹ ਨੂੰ ਭਾਰਤ ਲਿਆਉਣ ਦੀ ਮੰਗ ਕੀਤੀ ਹੈ। ਮਾਤਾ ਬਲਵਿੰਦਰ ਕੌਰ ਨੇ ਦੱਸਿਆ ਕਿ ਘਰ ਦੀ ਆਰਥਿਕ ਹਾਲਤ ਸੁਧਾਰਨ ਲਈ ਉਸ ਦਾ 21 ਸਾਲਾ ਲੜਕਾ ਸਰਤਾਜ ਸਿੰਘ ਢਿੱਲੋਂ ਕਰੀਬ 3 ਮਹੀਨੇ ਪਹਿਲਾਂ ਬਰੈਂਪਟਨ ਵਿਦੇਸ਼ ਗਿਆ ਸੀ।



ਉਨ੍ਹਾਂ ਨੂੰ ਫੋਨ ਕਾਲ ਦੌਰਾਨ ਪਤਾ ਲੱਗਾ ਕਿ ਸਰਤਾਜ ਸਿੰਘ ਕਾਲਜ ਪੜ੍ਹ ਕੇ ਆਪਣੇ ਦੋਸਤਾਂ ਨਾਲ ਸੈਰ ਕਰਨ ਗਿਆ ਸੀ। ਉਸ ਦੀ ਕਾਰ ਅਚਾਨਕ ਚੱਕਰਵਾਤੀ ਤੂਫਾਨ ਦੀ ਲਪੇਟ 'ਚ ਆ ਗਈ, ਜੋ ਸੜਕ ਦੇ ਦੂਜੇ ਪਾਸੇ ਚਲੀ ਗਈ। ਉਦੋਂ ਸਾਹਮਣੇ ਤੋਂ ਆ ਰਹੇ ਤੇਜ਼ ਰਫਤਾਰ ਵਾਹਨ ਨੇ ਬੇਟੇ ਦੀ ਕਾਰ ਨੂੰ ਜ਼ੋਰਦਾਰ ਟੱਕਰ ਮਾਰ ਦਿੱਤੀ। ਇਸ ਹਾਦਸੇ ਵਿੱਚ ਸਰਤਾਜ ਸਿੰਘ ਦੀ ਮੌਤ ਹੋ ਗਈ। ਸਾਡੀ ਸਰਕਾਰ ਤੋਂ ਮੰਗ ਹੈ ਕਿ ਸਰਤਾਜ ਸਿੰਘ ਦੀ ਦੇਹ ਨੂੰ ਛੇਤੀ ਭਾਰਤ ਲਿਆਂਦੀ ਜਾਵੇ।

## ਕ੍ਰਿਸਟੀ ਪਿੱਟ ਨੇੜੇ ਗੋਲੀ ਲੱਗਣ ਕਾਰਨ ਇੱਕ ਵਿਅਕਤੀ ਜ਼ਖ਼ਮੀ

ਟੋਰਾਂਟੋ, 24 ਮਾਰਚ (ਪੋਸਟ ਬਿਊਰੋ) : ਸੋਮਵਾਰ ਨੂੰ ਸਵੇਰੇ ਟੋਰਾਂਟੋ ਵਿੱਚ ਕ੍ਰਿਸਟੀ ਪਿੱਟਸ ਨੇੜੇ ਗੋਲੀ ਮਾਰੇ ਜਾਣ ਕਾਰਨ ਇੱਕ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ।

ਸਵੇਰੇ 6:00 ਵਜੇ ਤੋਂ ਬਾਅਦ ਬਲੂਅਰ ਸਟਰੀਟ ਵੈਸਟ ਤੇ ਸ਼ਾਅ ਸਟਰੀਟ ਇਲਾਕੇ ਵਿੱਚ ਗੋਲੀ ਚੱਲਣ ਦੀਆਂ ਅਧਿਕਾਰੀਆਂ ਨੂੰ ਖਬਰਾਂ ਮਿਲੀਆਂ। ਮੌਕੇ ਉੱਤੇ ਪਹੁੰਚੇ ਪੁਲਿਸ ਅਧਿਕਾਰੀਆਂ ਨੂੰ ਇੱਕ ਵਿਅਕਤੀ



ਗੋਲੀ ਲੱਗਣ ਕਾਰਨ ਜ਼ਖ਼ਮੀ ਹਾਲਤ ਵਿੱਚ ਮਿਲਿਆ। ਜ਼ਖ਼ਮੀ ਹਾਲਤ ਵਿੱਚ ਉਸ ਵਿਅਕਤੀ ਨੂੰ ਹਸਪਤਾਲ ਲਿਜਾਇਆ ਗਿਆ। ਕਿਸੇ ਮਸ਼ਕੂਕ ਦੇ ਸਬੰਧ ਵਿੱਚ ਕੋਈ ਜਾਣਕਾਰੀ ਜਾਰੀ ਨਹੀਂ ਕੀਤੀ ਗਈ ਹੈ।

ਪਹਿਲਾਂ ਪੁਲਿਸ ਨੂੰ ਲੱਗਿਆ ਕਿ ਜ਼ਖ਼ਮੀ ਵਿਅਕਤੀ ਬਾਹਰ ਮਿਲਿਆ ਪਰ ਇਹ ਮੰਨਿਆ ਜਾ ਰਿਹਾ ਹੈ ਕਿ ਸ਼ੂਟਿੰਗ ਉਸ ਅਪਾਰਟਮੈਂਟ ਦੇ ਅੰਦਰ ਹੋਈ ਜਿਹੜਾ ਸਟੋਰ ਦੇ ਉੱਪਰ ਮੌਜੂਦ ਸੀ। ਮਾਮਲੇ ਦੀ ਜਾਂਚ ਕਰਨ ਲਈ ਬਲੂਅਰ ਸਟਰੀਟ ਤੇ ਸ਼ਾਅ ਸਟਰੀਟ ਨੂੰ ਰਾਹਗੀਰਾਂ ਲਈ ਬੰਦ ਕਰ ਦਿੱਤਾ ਗਿਆ ਹੈ। ਇੱਥੇ ਗੱਡੀਆਂ ਦੀ ਆਵਾਜਾਈ ਵੀ ਬੰਦ ਕਰ ਦਿੱਤੀ ਗਈ ਹੈ।



## ਅੱਜ ਨਾਮਾ

ਸੱਥਰ ਵਿਛੇ ਮੁੜ ਕੇ ਕਈ ਘਰਾਂ ਅੰਦਰ,
ਬਹਿ ਗਈ ਜੜ੍ਹੀਂ ਹੈ ਫੇਰ ਸ਼ਰਾਬ ਬੇਲੀ।
ਕੁਝ ਕੁ ਸਾਲਾਂ ਦੇ ਪਿੱਛੋਂ ਹੈ ਕਹਿਰ ਪੈਂਦਾ,
ਮੁੜ-ਮੁੜ ਝੱਲਦਾ ਸੰਤਾਪ ਪੰਜਾਬ ਬੇਲੀ।
ਮਾਝੇ-ਮਾਲਵੇ ਵਿੱਚ ਕੁਝ ਮਰਜ਼ ਬਾਹਲੀ,
ਬਚਿਆ ਲੱਗੇ ਪਿਆ ਅਜੇ ਦੋਆਬ ਬੇਲੀ।
ਕਮਾ ਗਏ ਮਾਲ ਜੋ ਸਿਵੇ ਦੇ ਸੇਕ ਵਿੱਚੋਂ,
ਉਨ੍ਹਾਂ ਤੋਂ ਲਿਆ ਨਾ ਕਦੀ ਹਿਸਾਬ ਬੇਲੀ।
ਕਰੇ ਸਰਕਾਰ ਜੇ ਹੀਲਾ ਤਾਂ ਕੱਸ ਮੁਸ਼ਕਾਂ,
ਸੀਖਾਂ ਓਹਲੇ ਫਿਰ ਦੇਵੇ ਸਭ ਤਾੜ ਬੇਲੀ।
ਜਾਇਦਾਦਾਂ ਫਿਰ ਕਰੇ ਕਈ ਜ਼ਬਤ ਛੇਤੀ,
ਉਨ੍ਹਾਂ ਦੇ ਘਰਾਂ ਤੱਕ ਪਾਏ ਉਜਾੜ ਬੇਲੀ।

**ਤੀਸ ਮਾਰ ਖਾਂ**

# ਅੰਮ੍ਰਿਤਸਰ ਨੂੰ 2027 ਤਕ ਇੰਦੌਰ ਵਾਂਗ ਮਾਡਲ ਸ਼ਹਿਰ ਬਣਾਇਆ ਜਾਵੇਗਾ : ਤਰਨਜੀਤ ਸੰਧੂ

## ਸੰਧੂ ਨੇ ਕੰਪਨੀ ਬਾਗ਼ ਵਿਖੇ ਸਵੇਰ ਦੀ ਸੈਰ ਕਰਨ ਆਏ ਲੋਕਾਂ ਨਾਲ ਕਰੀਬ ਦੋ ਘੰਟੇ ਬਿਤਾਇਆ ਅਤੇ ਉਨ੍ਹਾਂ ਨਾਲ ਅੰਮ੍ਰਿਤਸਰ ਦੇ ਮੁੱਦਿਆਂ ਬਾਰੇ ਚਰਚਾ ਕੀਤੀ

ਅੰਮ੍ਰਿਤਸਰ, 24 ਮਾਰਚ (ਗਿਆਨ ਸਿੰਘ): ਭਾਜਪਾ ਵਿਚ ਸ਼ਾਮਿਲ ਹੋ ਚੁੱਕੇ ਸਾਬਕਾ ਰਾਜਦੂਤ ਸਰਦਾਰ ਤਰਨਜੀਤ ਸਿੰਘ ਸੰਧੂ ਨੇ ਅੱਜ ਦੀ ਸਵੇਰ ਦੀ ਸੈਰ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਯਾਦ ਨਾਲ ਸੰਬੰਧਿਤ ਕੰਪਨੀ ਬਾਗ਼ ਵਿਖੇ ਕੀਤੀ, ਜਿੱਥੇ ਉਨ੍ਹਾਂ ਕਰੀਬ ਦੋ ਘੰਟੇ ਸਵੇਰ ਦੀ ਸੈਰ ਕਰਨ ਆਏ ਲੋਕਾਂ ਨਾਲ ਬਿਤਾਉਂਦਿਆਂ ਉਨ੍ਹਾਂ ਨਾਲ ਅੰਮ੍ਰਿਤਸਰ ਦੇ ਵੱਖ ਵੱਖ ਮੁੱਦਿਆਂ ਨੂੰ ਸਾਂਝਾ ਕੀਤਾ ਅਤੇ ਉਨ੍ਹਾਂ ਤੋਂ ਆਮ ਸਮੱਸਿਆਵਾਂ ਨੂੰ ਵੀ ਸਮਝਿਆ। ਇਸ ਮੌਕੇ ਲੋਕਾਂ ਨੇ ਸਰਦਾਰ ਸੰਧੂ ਨੂੰ ਆਪਣੇ ਕਰੀਬ ਦੇਖਦਿਆਂ ਖ਼ੁਸ਼ੀ ਦੀ ਇਜ਼ਹਾਰ ਕੀਤਾ ਅਤੇ ਨਿੱਘਾ ਸਵਾਗਤ ਕੀਤਾ। ਸਰਦਾਰ ਸੰਧੂ ਨੇ ਲੋਕਾਂ ਵੱਲੋਂ ਚਾਹ ਅਤੇ ਸੂਪ ਦੀ ਕੀਤੀ ਗਈ ਪੇਸ਼ਕਸ਼ ਨੂੰ ਸਵੀਕਾਰ ਕਰਦਿਆਂ ਇਸ ਦਾ ਆਨੰਦ ਮਾਣਿਆ। ਸੈਰ ਕਰਨ ਆਏ ਲੋਕਾਂ ਵੱਲੋਂ ਮਿਲੇ ਪਿਆਰ ਨਾਲ ਗੱਦ ਗੱਦ ਹੋਏ ਸਰਦਾਰ ਸੰਧੂ ਨੇ ਕਿਹਾ ਕਿ ਆਪਣੇ ਲੋਕਾਂ ਨੂੰ ਮਿਲ ਕੇ ਉਨ੍ਹਾਂ ਨੂੰ ਬਹੁਤ ਖ਼ੁਸ਼ੀ ਮਿਲੀ ਹੈ। ਛੋਟਾ ਹੁੰਦਾ ਸੀ ਆਉਂਦਾ ਹੁੰਦਾ ਸਾਂ। ਪਰ ਹੁਣ ਬਾਗ਼ ਦੀ ਖਸਤਾ ਹਾਲਤ ਦੇਖ ਕੇ ਨਿਰਾਸ਼ ਵੀ ਹਾਂ। ਇਹ ਮਹਾਰਾਜਾ ਰਣਜੀਤ ਸਿੰਘ ਦੀ ਵਿਰਾਸਤ ਹੈ। ਇਸ ਦਾ ਵਿਕਾਸ ਅਤੇ ਸੰਭਾਲ ਜ਼ਰੂਰ ਹੋਣਾ ਚਾਹੀਦਾ ਸੀ। ਸਰਦਾਰ ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਜਿਵੇਂ ਇਕ ਫ਼ੌਜੀ ਆਪਣੀ ਸ਼ੇਵਾ ਮੁਕਤੀ ਤੋਂ ਬਾਅਦ ਆਪਣੇ ਘਰ ਆਉਂਦਾ ਹੈ, ਮੈ ਵੀ ਦੇਸ਼ ਦੀ 36 ਸ਼ਾਲ ਸੇਵਾ ਕਰਨ ਤੋਂ ਬਾਅਦ ਆਪਣੇ ਘਰ ਵਾਪਸ ਆਗਿਆ ਹਾਂ ਅਤੇ ਹੁਣ ਗੁਰੂ ਨਗਰੀ ਅਤੇ ਇੱਥੋਂ ਦੇ ਲੋਕਾਂ ਨੂੰ ਸਮਰਪਿਤ ਹਾਂ। ਉਨ੍ਹਾਂ ਕਿਹਾ ਕਿ 6 ਸ਼ਾਲਾਂ ਵਿਚ ਇੰਦੌਰ ਸਫ਼ਾਈ ਦੇ ਪੱਖੋਂ ਇਕ ਮਾਡਲ ਸ਼ਹਿਰ ਬਣ ਗਿਆ ਹੈ ਤਾਂ ਕੀ ਅਸੀਂ ਗੁਰੂ ਨਗਰੀ 'ਅੰਮ੍ਰਿਤਸਰ ਸਿਫ਼ਤੀਂ ਦੇ ਘਰ' ਨੂੰ ਕਿਉਂ ਨਹੀਂ ਸਵਾਰ ਸਕਦੇ ਅਤੇ ਇਸ ਦੀ ਨੁਹਾਰ ਬਦਲ ਸਕਦੇ ? ਉਨ੍ਹਾਂ ਯਕੀਨ ਦੁਆਇਆ ਕਿ 2027 'ਚ ਅੰਮ੍ਰਿਤਸਰ ਦੇ 450 ਸਾਲਾ ਮੌਕੇ ਸ਼ਹਿਰ ਦੀ ਨੁਹਾਰ ਪੂਰੀ ਤਰਾਂ ਬਦਲ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਅਨੇਕਾਂ ਨੀਤੀਆਂ ਅਤੇ ਦਿੱਤੀਆਂ ਗਈਆਂ ਸਹੂਲਤਾਂ ਅੰਮ੍ਰਿਤਸਰ ਵੀ ਆਉਣਗੀਆਂ। ਇਸ ਮੌਕੇ ਸੈਰ ਕਰਨ ਆਏ ਲੋਕਾਂ ਨੇ ਸਰਦਾਰ ਸੰਧੂ ਨਾਲ ਯਾਦਗਾਰੀ ਤਸਵੀਰਾਂ ਖਿਚਵਾਈਆਂ ਅਤੇ ਸੈਲਫੀਆਂ ਵੀ ਲਈਆਂ। ਇਸ ਦੌਰਾਨ ਸਰਦਾਰ ਸੰਧੂ ਨੇ ਫਰੈਂਡਲੀ ਮਿਊਜ਼ੀਕਲ ਗਰੁੱਪ ਵੱਲੋਂ ਹੋਲੀ ਦੇ ਮੌਕੇ ਕਰਾਏ ਜਾ ਰਹੇ ਸਮਾਗਮ ਵਿਚ ਵੀ ਸ਼ਿਰਕਤ ਕੀਤੀ ਅਤੇ ਉਨ੍ਹਾਂ ਨਾਲ ਹੋਲੀ ਦੀ ਖ਼ੁਸ਼ੀ ਸਾਂਝੀ ਕਰਨ ਤੋਂ ਇਲਾਵਾ ਭਜਨ ਅਤੇ ਦੇਸ਼ ਭਗਤੀ ਦੇ ਗੀਤਾਂ ਨੂੰ ਵੀ ਗੁਣਗੁਣ-ਾਇਆ। ਇਕ ਨੰਨ੍ਹੀ ਬੱਚੀ ਨੇ ਸਰਦਾਰ ਸੰਧੂ ਨੂੰ ਤਿਲਕ ਲਗਾਉਂਦਿਆਂ ਸੰਕੇਤਕ ਹੋਲੀ ਮਨਾਈ। ਇਸ ਮੌਕੇ ਗਰੁੱਪ ਦੇ ਚੀਫ਼ ਪੈਟਰਨ ਰਾਜੂ, ਮੀਤ ਪ੍ਰਧਾਨ ਸਾਯਾ ਅਤੇ ਚੇਅਰਮੈਨ ਸੰਜੇ ਮਹੇਸ਼ਵਰੀ ਵੱਲੋਂ ਸਰਦਾਰ ਸੰਧੂ ਸਨਮਾਨਿਤ ਕੀਤਾ ਗਿਆ। ਇਸੇ ਤਰਾਂ 'ਦੋਸਤਾਂ ਦੀ ਮਹਿਫਿਲ ਮਿਊਜ਼ੀਕਲ ਗਰੁੱਪ' ਦੇ ਆਗੂ ਦਵਿੰਦਰ ਕੁਮਾਰ ਅਤੇ ਅੰਮ੍ਰਿਤਸਰ ਵਿਕਾਸ ਮੰਚ ਦੇ ਨੇਤਾ ਸੁਰਿੰਦਰ ਜੀਤ ਸਿੰਘ ਵੱਲੋਂ ਵੀ ਸਰਦਾਰ ਸੰਧੂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਤੋਂ ਪਹਿਲਾਂ ਸਰਦਾਰ ਸੰਧੂ ਨੇ ਬਾਗ਼ ਵਿਚ ਵਰਜ਼ਿਸ਼ ਕਰ ਰਹੇ ਨੌਜਵਾਨਾਂ ਨਾਲ ਉਨ੍ਹਾਂ ਨੂੰ ਦਰਪੇਸ਼ ਚੁਣੌਤੀਆਂ ਬਾਰੇ ਚਰਚਾ ਕੀਤੀ। ਨੌਜਵਾਨ ਅਨੁਜ ਚੋਗਾਵਾਂ ਨੇ ਸਰਦਾਰ ਸੰਧੂ ਦੀਆਂ ਦਲੀਲਾਂ ਤੋਂ ਪ੍ਰਭਾਵਿਤ ਹੁੰਦਿਆਂ ਕਿਹਾ ਕਿ ਉਨ੍ਹਾਂ ਦੇ ਅੰਮ੍ਰਿਤਸਰ ਪ੍ਰਤੀ ਮਿਸ਼ਨ ਨੂੰ ਨੌਜਵਾਨਾਂ ਵੱਲੋਂ ਪੂਰਾ ਸਹਿਯੋਗ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਾਡੇ ਕੋਲ ਇਕ ਲੀਡਰਸ਼ਿਪ ਦੀ ਕਮੀ ਸੀ ਜੋ ਹੁਣ ਪੂਰੀ ਹੋ ਰਹੀ ਹੈ। ਸਵਰਨਕਾਰ ਸੰਘ ਦੇ ਪ੍ਰਧਾਨ ਜਸਵੰਤ ਸਿੰਘ ਤੇ ਸਾਥੀਆਂ ਨੇ ਸਰਦਾਰ ਸੰਧੂ ਦੀ ਲੋਕਾਂ ਦੀ ਸੇਵਾ ਅਤੇ ਸ਼ਹਿਰ ਦੇ ਵਿਕਾਸ ਪ੍ਰਤੀ ਦੂਰ-ਦ੍ਰਿਸ਼ਟੀ ਵਾਲੀ ਸੋਚ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਸ਼ਹਿਰ ਦਾ ਵਿਕਾਸ 'ਚ ਜੋ ਪਿਛਲੇ ਦੋ ਦਹਾਕਿਆਂ ਤੋਂ ਖੜੋਤ ਆਈ ਹੋਈ ਹੈ, ਹੁਣ ਸਰਦਾਰ ਸੰਧੂ ਦੀ ਪਹੁੰਚ ਅਤੇ ਸਮਰੱਥਾ ਦਾ ਫ਼ਾਇਦਾ ਉਨ੍ਹਾਂ ਦਾ ਸਾਥ ਦੇ ਕੇ ਉਠਾਇਆ ਜਾਵੇਗਾ। ਯਾਦ ਰਹੇ ਕਿ ਸਰਦਾਰ ਤਰਨਜੀਤ ਸਿੰਘ ਸੰਧੂ ਨੇ ਬੀਤੀ ਕੁਝ ਦਿਨ ਪਹਿਲਾਂ ਇਸੇ ਕੰਪਨੀ ਬਾਗ਼ ਅਤੇ ਮਹਾਰਾਜ ਰਣਜੀਤ ਸਿੰਘ ਨਾਲ ਸੰਬੰਧਿਤ ਯਾਦਗਾਰਾਂ ਦੀ ਸੰਭਾਲ ਅਤੇ ਮੁਰੰਮਤ ਲਈ ਕੇਂਦਰ ਸਰਕਾਰ ਤੋਂ 2.75 ਕਰੋੜ ਰੁਪਏ ਮਨਜ਼ੂਰ ਕਰਵਾ ਚੁੱਕੇ ਹਨ।



# ਡਿਪਟੀ ਕਮਿਸ਼ਨਰ ਮੋਹਾਲੀ ਦੀ ਪਹਿਲ ਕਦਮੀ: ਇਲੈਕਟੋਰਲ ਲਿਟਰੇਸੀ ਕਲੱਬ ਦੇ ਮੈਂਬਰਾਂ ਨੇ ਆਈ ਪੀ ਐਲ ਮੈਚ ਵੇਖਣ ਆਏ ਕ੍ਰਿਕਟ ਪ੍ਰੇਮੀਆਂ ਨੂੰ ਵੱਧ ਚੜ੍ਹ ਕੇ ਵੋਟਾਂ ਪਾਉਣ ਲਈ ਕੀਤਾ ਪ੍ਰੇਰਿਤ

## ਸਵੀਪ ਪ੍ਰੋਗਰਾਮ ਤਹਿਤ ਸਟੇਡੀਅਮ ਦੇ ਬਾਹਰ ਵੱਡੇ-ਵੱਡੇ ਹੋਰਡਿੰਗ ਅਤੇ ਬੈਨਰ ਲਗਾਏ ਗਏ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, 24 ਮਾਰਚ (ਗਿਆਨ ਸਿੰਘ ): ਸਾਹਿਬਜ਼ਾਦਾ ਅਜੀਤ ਸਿੰਘ ਨਗਰ ਜ਼ਲ੍ਹਿ ਵਿੱਚ ਨਵੇਂ ਬਣੇ ਮਹਾਰਾਜਾ ਯਾਦਵਿੰਦਰ ਸਿੰਘ ਅੰਤਰਰਾਸ਼ਟਰੀ ਕ੍ਰਿਕਟ ਸਟੇਡੀਅਮ, ਮੁੱਲਾਂਪੁਰ ਵਿੱਚ ਹੋਏ ਆਈ.ਪੀ.ਐੱਲ. ਮੈਚ ਦੌਰਾਨ ਜ਼ਲ੍ਹਿਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਆਸ਼ਕਿਾ ਜੈਨ ਦੀ ਪਹਿਲ ਕਦਮੀ ਸਦਕਾ ਸਰਕਾਰੀ ਬਹੁਤਕਨੀਕੀ ਕਾਲਜ ਖ਼ੂਨੀ ਮਾਜਰਾ ਅਤੇ ਪੀ ਟੀ ਯੂ ਕੈਂਪਸ ਮੋਹਾਲੀ ਦੇ ਇਲੈਕਟੋਰਲ ਲਿਟਰੇਸੀ ਕਲੱਬ ਦੇ 400 ਪਹਿਲੀ ਵਾਰ ਵੋਟਰ ਬਣੇ ਮੈਂਬਰਾਂ ਨੇ ਮੈਚ ਵੇਖਣ ਆਏ ਕ੍ਰਿਕਟ ਪ੍ਰੇਮੀਆਂ ਨੂੰ ਵੱਧ ਚੜ੍ਹ ਕੇ ਵੋਟਾਂ ਪਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਨਾ ਸਿਰਫ਼ ਜ਼ਲ੍ਹਿਾ ਸਵੀਪ ਟੀਮ ਦੀ ਅੱਗੇ ਹੋ ਕੇ ਅਗਵਾਈ ਕੀਤੀ, ਸਗੋਂ ਖੁਦ ਵੀ ਬਹੁਤ ਸਾਰੇ ਨੌਜਵਾਨਾਂ ਨਾਲ ਗੱਲ ਕਰਕੇ ਉਨ੍ਹਾਂ ਨੂੰ ਲੋਕਤੰਤਰ ਦੇ ਸਭ ਤੋਂ ਵੱਡੇ ਤਿਉਹਾਰ ਵਿੱਚ ਸ਼ਮੂਲੀਅਤ ਕਰਨ ਲਈ ਉਤਸ਼ਾਹਿਤ ਕੀਤਾ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਲੋਕ ਸਭਾ ਚੋਣਾਂ 2024 ਦੌਰਾਨ ਮੁੱਖ ਚੋਣ ਅਧਿਕਾਰੀ ਦੇ ਦਫਤਰ ਵੱਲੋਂ 'ਇਸ ਵਾਰ 70 ਪਾਰ' ਦਾ ਟੀਚਾ ਦਿੱਤਾ ਗਿਆ ਹੈ ਅਤੇ ਉਨ੍ਹਾਂ ਦੀ ਪੂਰੀ ਕੋਸ਼ਸ਼ਿ ਹੈ ਕਿ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਜ਼ਲ੍ਹਿ ਵਿੱਚ ਇਸ ਟੀਚੇ ਦੀ ਪ੍ਰਾਪਤੀ ਤੋਂ ਵੀ ਅਗਾਂਹ ਜਾਂਦਿਆਂ ਇਹ ਪ੍ਰਤੀਸ਼ਤਤਾ 80 ਫ਼ੀਸਦੀ ਕੀਤੀ ਜਾਵੇ। ਉਨ੍ਹਾਂ ਦੱਸਿਆ ਕਿ ਮੈਚ ਦੌਰਾਨ ਸਵੀਪ (ਸਿਸਟੇਮੈਟਿਕ ਵੋਟਰ ਐਜੂਕੇਸ਼ਨ ਅਤੇ ਇਲੈਕਟੋਰਲ ਪਾਰਟੀਸੀਪੇਸ਼ਨ) ਪ੍ਰੋਗਰਾਮ ਵੀ ਇਸੇ ਲੜੀ ਤਹਿਤ ਕਰਵਾਇਆ ਗਿਆ। ਜ਼ਕਿਰਯੋਗ ਹੈ ਕਿ ਸਵੀਪ ਗਤੀਵਿਧੀਆਂ ਰਾਹੀਂ ਵੋਟਰਾਂ ਨੂੰ ਜਾਗਰੂਕ ਕਰਨ ਅਤੇ ਚੋਣਾਂ ਵਿੱਚ ਵੱਧ ਚੜ੍ਹਕੇ ਵੋਟਾਂ ਪਾਉਣ ਲਈ ਉਤਸ਼ਾਹਿਤ ਕੀਤਾ ਜਾਂਦਾ ਹੈ ਅਤੇ ਇਹ ਭਾਰਤੀ ਚੋਣ ਕਮਿਸ਼ਨ ਦਾ ਇੱਕ ਪ੍ਰਮੁੱਖ ਪ੍ਰੋਗਰਾਮ ਹੈ। ਡਿਪਟੀ ਕਮਿ-ਸ਼ਨਰ ਨੇ ਦੱਸਿਆ ਕਿ ਕ੍ਰਿਕਟ ਦੇ ਕ੍ਰੇਜ਼ ਨੂੰ ਦੇਖਦੇ ਹੋਏ ਮੁੱਖ ਚੋਣ ਅਧਿਕਾਰੀ ਦੇ ਦਫਤਰ ਵੱਲੋਂ ਮਸ਼ਹੂਰ ਕ੍ਰਿਕਟਰ ਸ਼ੁਭਮਨ ਗਿੱਲ ਨੂੰ ਸਟੇਟ ਆਈਕੋਨ ਨਿਯੁਕਤ ਕੀਤਾ ਹੈ ਅਤੇ ਮੈਚ ਦੌਰਾਨ ਵੱਡੀ ਸਕਰੀਨ ਉੱਤੇ ਸ਼ੁਭਮਨ ਗਿੱਲ ਵੱਲੋਂ ਕੀਤੀ ਗਈ ਜਨ ਅਪੀਲ ਵੋਟ ਪ੍ਰਤੀਸ਼ਤ ਨੂੰ 70 ਫੀਸਦੀ ਤੋਂ ਉੱਪਰ ਲਿਜਾਣ ਦਾ ਟੀਚਾ ਹਾਸਲ ਕਰਨ ਵਿੱਚ ਮਦਦ ਕਰੇਗੀ। ਇਸ ਤੋਂ ਇਲਾਵਾ ਦੂਜੇ ਸਟੇਟ ਆਈਕੋਨ ਤਰਸੇਮ ਜੱਸੜ ਵੱਲੋਂ ਵੋਟਰ ਜਾਗਰੂਕਤਾ ਸੰਦੇਸ਼ ਅਤੇ ਵੋਟ ਪਾਉਣ ਦੀ ਅਪੀਲ ਵੀ ਵਿਖਾਈ ਗਈ। ਆਸ਼ਕਿਾ ਜੈਨ ਨੇ ਅੱਗੇ ਦੱਸਿਆ ਕਿ ਵੋਟਰਾਂ ਨੂੰ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਪ੍ਰੇਰਿਤ ਕਰਨ ਲਈ ਸਟੇਡੀਅਮ ਵਿੱਚ ਕਈ ਹੋਰ ਗਤੀਵਿਧੀਆਂ ਵੀ ਕਰਵਾਈਆਂ ਗਈਆਂ। ਉਨ੍ਹਾਂ ਦੱਸਿਆ ਕਿ ਮੈਚ ਸ਼ੁਰੂ ਹੋਣ ਤੋਂ ਪਹਿਲਾਂ ਭਾਰਤੀ ਚੋਣ ਕਮਿਸ਼ਨ ਦੇ ਗੀਤ "ਮੈਂ ਭਾਰਤ ਹੂੰ" ਦੀ ਵੀਡੀਓ ਨੂੰ ਵੀ ਵੱਡੀ ਸਕਰੀਨ ਉੱਤੇ ਵਿਖਾਇਆ ਗਿਆ, ਜਿਸ ਵਿੱਚ ਸਟੇਜ ਪੇਸ਼ਕਾਰੀ ਲੋਕ ਗਾਇਕ ਉਜਾਗਰ ਅੰਟਾਲ ਅਤੇ ਫ਼ੋਕ ਆਰਕੈਸਟਰਾ ਦੀ ਰਾਸ਼ਟਰੀ ਜੇਤੂ ਟੀਮ ਨੇ ਕੀਤੀ। ਉਨ੍ਹਾਂ ਕਿਹਾ ਕਿ ਲੋਕ ਜਾਗਰੂਕਤਾ ਲਈ ਇਸ ਵਾਰ ਦੇ ਚੋਣ ਮਸਕਟ ਸ਼ੇਰਾ 2.0 ਦੇ ਕਈ ਵੱਡੇ ਵੱਡੇ ਕਟਆਊਟ ਸਟੇਡੀਅਮ ਦੇ ਬਾਹਰ ਲਗਾਏ ਹੋਏ ਸਨ। ਇਸ ਤੋਂ ਇਲਾਵਾ ਵਿਸ਼ਾਲ ਹੋਰਡਿੰਗਜ਼, ਬੈਨਰ, ਕੈਨੋਪੀਜ਼ ਅਤੇ ਸਟੈਂਡੀਜ਼ ਵੀ ਲਗਾਏ ਗਏ ਸਨ ਤਾਂ ਜੋ ਮੈਚ ਵੇਖਣ ਆਏ ਨੌਜਵਾਨਾਂ ਅਤੇ ਹੋਰ ਲੋਕਾਂ ਨੂੰ ਵੋਟ ਪਾਉਣ ਲਈ ਉਤਸ਼ਾਹਿਤ ਕੀਤਾ ਜਾ ਸਕੇ। ਆਸ਼ਕਿਾ ਜੈਨ ਨੇ ਦੱਸਿਆ ਕਿ ਚੋਣ ਜਾਗਰੂਕਤਾ ਸਲੋਗਨ ਵਾਲੇ ਕੱਪ ਅਤੇ ਚਾਬੀਆਂ ਦੇ ਛੱਲੇ ਵੀ ਇਸ ਮੌਕੇ ਕ੍ਰਿਕਟ ਪ੍ਰੇਮੀਆਂ ਨੂੰ ਵੰਡੀਆਂ ਗਈਆਂ। ਵਾਹਨਾਂ 'ਤੇ ਵੋਟ ਪਾਉਣ ਦੀ ਪ੍ਰਤੀਬੱਧਤਾ ਨੂੰ ਦਰਸਾਉਂਦੇ ਸਟਿੱਕਰ ਵੀ ਲਾਏ ਗਏ। ਇਸ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਆਸ਼ਕਿਾ ਜੈਨ ਨੇ ਕਿਹਾ ਕਿ ਵੋਟਰਾਂ ਖਾਸ ਕਰਕੇ ਨੌਜਵਾਨਾਂ ਵਿੱਚ ਵੋਟਾਂ ਪਾਉਣ ਸਬੰਧੀ ਜਾਗਰੂਕਤਾ ਵਧਾਉਣ ਲਈ ਕ੍ਰਿਕਟ ਤੋਂ ਵਧੀਆ ਪਲੇਟਫਾਰਮ ਨਹੀਂ ਹੋ ਸਕਦਾ। ਉਨ੍ਹਾਂ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ 1 ਜੂਨ, 2024 ਨੂੰ ਬਿਨਾਂ ਕਿਸੇ ਡਰ-ਭੈਅ ਦੇ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ। ਡਿਪਟੀ ਕਮਿਸ਼ਨਰ ਨੇ ਇਸ ਵੋਟਰ ਜਾਗਰੂਕਤਾ ਮੁਹਿੰਮ ਲਈ ਪੰਜਾਬ ਦੇ ਮੁੱਖ ਚੋਣ ਅਫ਼ਸਰ ਸਿਬਿਨ ਸੀ ਵੱਲੋਂ ਦਿੱਤੀ ਅਗਵਾਈ ਲਈ ਉਨ੍ਹਾਂ ਦਾ ਧੰਨਵਾਦ ਵੀ ਕੀਤਾ। ਉਨ੍ਹਾਂ ਕਿਹਾ ਕਿ ਜਿਵੇਂ ਆਈ.ਪੀ.ਐਲ.ਪ੍ਰੇਮੀਆਂ ਤੱਕ ਪਹੁੰਚ ਕਰਨ ਲਈ ਸਵੀਪ ਗਤੀਵਿਧੀ ਕੀਤੀ ਗਈ ਹੈ, ਇਸੇ ਤਰਾਂ ਆਉਣ ਵਾਲੇ ਦਿਨਾਂ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹਰੇਕ ਵੋਟਰ ਨੂੰ ਵੋਟ ਦੇ ਅਧਿਕਾਰ ਬਾਰੇ ਜਾਗਰੂਕ ਕਰਨ ਅਤੇ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਇਸ ਦੀ ਵਰਤੋਂ ਕਰਨ ਲਈ ਵੱਖ-ਵੱਖ ਢੰਗਾਂ ਰਾਹੀਂ ਉਨ੍ਹਾਂ ਨਾਲ ਸੰਪਰਕ ਕੀਤਾ ਜਾਵੇਗਾ।







TAX & ACCOUNTING

TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX

ਸਾਨੂੰ ਕਾਲ ਕਰੋ ਤੇ
ਆਪਣਾ ਟੈਕਸ ਬਚਾਓ

Harcharan S. Grover
Chartered Accountant



Call for Professional Advice
905.247.0193
info@grovercpa.ca

GroVerCPA
Professional Corporation

214-7895 Tranmere Drive, Mississauga ON L5S 1V9

# ਭਾਰਤੀ ਚੋਣ ਕਮਿਸ਼ਨ ਨੇ ਸੰਗਰੂਰ ਦੇ ਜ਼ਹਿਰੀਲੀ ਸ਼ਰਾਬ ਦੁਖਾਂਤ ਮਾਮਲੇ ਵਿੱਚ ਪੰਜਾਬ ਦੇ ਮੁੱਖ ਸਕੱਤਰ ਅਤੇ ਡੀਜੀਪੀ ਤੋਂ ਤੁਰੰਤ ਰਿਪੋਰਟ ਮੰਗੀ


ਚੰਡੀਗੜ੍ਹ, 24 ਮਾਰਚ (ਗਿਆਨ ਸਿੰਘ): ਪੰਜਾਬ ਦੇ ਮੁੱਖ ਚੋਣ ਅਧਿਕਾਰੀ ਰਾਹੀਂ ਭਾਰਤੀ ਚੋਣ ਕਮਿ-ਸ਼ਨ ਨੇ ਸ਼ਨੀਵਾਰ ਨੂੰ ਪੰਜਾਬ ਦੇ ਮੁੱਖ ਸਕੱਤਰ ਅਤੇ ਡੀਜੀਪੀ ਤੋਂ ਸੰਗਰੂਰ ਦੇ ਜ਼ਹਿਰੀਲੀ ਸ਼ਰਾਬ ਦੁਖਾਂਤ ਮਾਮਲੇ ਦੀ ਤੁਰੰਤ ਰਿਪੋਰਟ ਮੰਗੀ ਹੈ।

ਕਮਿਸ਼ਨ ਦੀ ਜਾਣਕਾਰੀ ਅਨੁਸਾਰ ਇਸ ਮਾਮਲੇ ਵਿੱਚ 20 ਦੇ ਕਰੀਬ ਲੋਕਾਂ ਦੀ ਮੌਤ ਹੋ ਚੁੱਕੀ ਹੈ ਅਤੇ 20 ਲੋਕ ਸੰਗਰੂਰ ਅਤੇ ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਹਸਪਤਾਲਾਂ ਵਿੱਚ ਇਲਾਜ ਅਧੀਨ ਹਨ।

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਨੇ ਪੰਜਾਬ ਦੇ ਮੁੱਖ ਸਕੱਤਰ ਅਤੇ ਡੀਜੀਪੀ ਪੰਜਾਬ ਨੂੰ ਇੱਕ ਪੱਤਰ ਲਿਖ ਕੇ ਇਸ ਸਮੁੱਚੇ ਘਟਨਾਕ੍ਰਮ ਬਾਰੇ ਤੁਰੰਤ ਮੁੱਢਲੀ ਰਿਪੋਰਟ ਅਤੇ ਵਿਸਤ੍ਰਿਤ ਰਿਪੋਰਟ ਅੱਜ ਹੀ ਦੇਣ ਲਈ ਕਿਹਾ ਹੈ ਤਾਂ ਜੋ ਇਸ ਬਾਬਤ ਭਾਰਤੀ ਚੋਣ ਕਮਿਸ਼ਨ ਨੂੰ ਜਾਣੂੰ ਕਰਵਾਇਆ ਜਾ ਸਕੇ।

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

ਬਰਾੜ ਗਰਾਜ ਡੋਰ



ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS



We Install
Garage Door Openers

ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

Tech Spirit

Consultation, Installation & Servicing



Specialized in:
• Analog & IP security cameras • Installation & Maintenance, Upgrade • Video Doorbell Installation

Call: 905-621-4100
7-8770 The Gore Road, Brampton, ON L6P 0B1



1080p HD ਦੇ 4 ਸਿਕਉਰਿਟੀ ਕੈਮਰੇ ਸਿਰਫ $999 ਵਿੱਚ ਲਗਵਾਓ

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Well settled Ramgarhia Family living in Winnipeg from 16 years looking for a suitable match for their son 33-year-old,5-10 Tall, clean shaved, Active in Real Estate Business and financing Business Manitoba and Ontario.
Contact number-204-510-7658 and 519-917-5055.

7Feb

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11", B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

Visions of Punjab
Natasha Mahal
Co-Host
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Iqbal Mahal
Producer & Host
Serving the South Asian Community Since 1976

(905)793-2202
You can
Place Your Business Here
To Reach Wider Audience
For more info Call 905-793-2202 or e-mail ads@punjabipost.ca

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ

ਸੈਲ ਐਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਫੋਟੋ ਪਹਿਚਾਣ ਪੱਤਰ ਤੋਂ ਇਲਾਵਾ 12 ਹੋਰ ਅਧਿਕਾਰਤ ਦਸਤਾਵੇਜ਼ਾਂ ਰਾਹੀਂ ਪਾਈ ਜਾ ਸਕਦੀ ਹੈ ਵੋਟ : ਜ਼ਿਲ੍ਹਾ ਚੋਣ ਅਫ਼ਸਰ

ਸ੍ਰੀ ਮੁਕਤਸਰ ਸਾਹਿਬ, 24 ਮਾਰਚ (ਗਿਆਨ ਸਿੰਘ): ਲੋਕ ਸਭਾ ਚੋਣਾਂ-2024 ਦੌਰਾਨ ਪੰਜਾਬ ਦੇ ਵੋਟਰਾਂ ਦੀ ਸਹੂਲਤ ਲਈ ਭਾਰਤੀ ਚੋਣ ਕਮਿਸ਼ਨ ਨੇ ਵੋਟਰਾਂ ਨੂੰ 1 ਜੂਨ, 2024 ਨੂੰ ਵੋਟ ਪਾਉਣ ਲਈ ਫੋਟੋ ਪਹਿਚਾਣ ਪੱਤਰ ਤੋਂ ਇਲਾਵਾ 12 ਹੋਰ ਅਧਿਕਾਰਤ ਦਸਤਾਵੇਜ਼ਾਂ ਨੂੰ ਪਹਿਚਾਣ ਦੇ ਸਬੂਤ ਵਜੋਂ ਮਾਨਤਾ ਦਿੱਤੀ ਹੈ। ਇਹਨਾਂ ਦਸਤਾਵੇਜ਼ਾਂ ਵਿੱਚੋਂ ਕੋਈ ਵੀ ਇਕ ਦਸਤਾਵੇਜ਼ ਵੋਟਰ ਆਪਣੀ ਪਹਿਚਾਣ ਵੱਜੋਂ ਪੋਲਿੰਗ ਸਟੇਸ਼ਨ ਤੇ ਨਾਲ ਲਿਜਾ ਸਕਦਾ ਹੈ।

ਇਹ ਜਾਣਕਾਰੀ ਜ਼ਿਲ੍ਹਾ ਚੋਣ ਅਫ਼ਸਰ ਕਮ ਡਿਪਟੀ ਕਮਿਸ਼ਨਰ ਸ੍ਰੀ ਹਰਪ੍ਰੀਤ ਸਿੰਘ ਸੂਦਨ ਨੇ ਦਿੰਦਿਆਂ ਦੱਸਿਆ ਕਿ ਭਾਰਤੀ ਚੋਣ ਕਮਿਸ਼ਨ ਨੇ ਆਪਣੇ ਹੁਕਮਾਂ ਵਿੱਚ ਕਿਹਾ ਹੈ ਕਿ ਉਹ ਵੋਟਰ ਜੋ ਚੋਣ ਫੋਟੋ ਪਹਿਚਾਣ ਪੱਤਰ ਪੇਸ਼ ਕਰਨ ਦੇ ਯੋਗ ਨਹੀਂ ਹਨ, ਆਪਣੀ ਪਛਾਣ ਸਥਾਪਤ ਕਰਨ ਲਈ 12 ਹੋਰ ਦਸਤਾਵੇਜ਼ ਪੇਸ਼ ਕਰ ਸਕਦੇ ਹਨ, ਪਰ ਵਿਅਕਤੀ ਦਾ ਨਾਂਅ ਵੋਟਰ ਸੂਚੀ ਵਿਚ ਹੋਣਾ ਲਾਜਮੀ ਹੈ।

ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਬਾਰੇ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜਿੰਨਾਂ ਵੋਟਰਾਂ ਕੋਲ ਚੋਣ ਫੋਟੋ ਪਹਿਚਾਣ ਪੱਤਰ ਨਹੀਂ ਹਨ, ਉਹ ਆਧਾਰ ਕਾਰਡ, ਮਨਰੇਗਾ ਜੌਬ ਕਾਰਡ, ਬੈਂਕਾਂ/ਡਾਕਖਾਨੇ ਦੁਆਰਾ ਜਾਰੀ ਫੋਟੋ ਸਹਿਤ ਪਾਸਬੁੱਕ, ਕਿਰਤ ਮੰਤਰਾਲੇ ਦੀ ਸਕੀਮ ਤਹਿਤ ਜਾਰੀ ਹੈਲਥ ਸਮਾਰਟ ਕਾਰਡ, ਡਰਾਈਵਿੰਗ ਲਾਇਸੰਸ, ਪੈਨ ਕਾਰਡ, ਐਨ. ਪੀ. ਆਰ. ਅਧੀਨ ਆਰ. ਜੀ. ਆਈ. ਵਲੋਂ ਜਾਰੀ ਸਮਾਰਟ ਕਾਰਡ, ਭਾਰਤੀ ਪਾਸ-ਪੋਰਟ, ਫੋਟੋ ਸਹਿਤ ਪੈਨਸ਼ਨ ਦਸਤਾਵੇਜ, ਕੇਂਦਰ/ਸੂਬਾ ਸਰਕਾਰਾਂ/ਜਨਤਕ ਖੇਤਰ ਦੇ ਅਦਾਰਿਆਂ ਜਾਂ ਪਬਲਿਕ ਲਿਮਿਟਡ ਕੰਪਨੀਆਂ ਦੁਆਰਾ ਆਪਣੇ ਮੁਲਾਜ਼ਮਾਂ ਨੂੰ ਜਾਰੀ ਸਰਵਿਸ ਪਹਿਚਾਣ ਪੱਤਰ, ਐਮ.ਪੀ. ਐਮ.ਐਲ.ਏ. ਨੂੰ ਜਾਰੀ ਪਹਿਚਾਣ ਪੱਤਰ ਅਤੇ ਯੂਨੀਕ ਡਿਸਏਬਿਲਟੀ ਪਹਿਚਾਣ ਪੱਤਰ ਜੋ ਕਿ ਭਾਰਤ ਸਰਕਾਰ ਦੇ ਸਮਾਜਿਕ ਨਿਆਂ ਅਤੇ ਅਧਿਕਾਰਤਾ ਵਲੋਂ ਜਾਰੀ ਕੀਤਾ ਹੋਵੇ, ਨੂੰ ਦਿਖਾ ਕੇ ਵੀ ਵੋਟ ਪਾ ਸਕਦੇ ਹਨ।

ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਸਾਰੇ ਵੋਟਰਾਂ ਨੂੰ ਪੂਰੇ ਉਤਸ਼ਾਹ ਨਾਲ ਲੋਕ ਸਭਾ ਚੋਣਾਂ ਵਿੱਚ ਹਿੱਸਾ ਲੈਕੇ ਵੋਟ ਪਾਉਣ ਦੀ ਅਪੀਲ ਕੀਤੀ ਹੈ। ਉਨ੍ਹਾਂ ਨੇ ਕਿਹਾ ਕਿ ਚੋਣ ਕਮਿਸ਼ਨ ਦਾ ਇਸ ਵਾਰ 70 ਪਾਰ ਦਾ ਟੀਚਾ ਹੈ ਅਤੇ ਵੋਟਰਾਂ ਦੀ ਸਰਗਰਮ ਭਾਗੀਦਾਰੀ ਤੋਂ ਬਿਨਾਂ ਇਸ ਨੂੰ ਪੂਰਾ ਨਹੀਂ ਕੀਤਾ ਜਾ ਸਕਦਾ, ਇਸ ਲਈ ਸਾਰੇ ਵੋਟਰ ਆਪਣੀ ਵੋਟ ਜ਼ਰੂਰ ਪਾਉਣ। ਉਨ੍ਹਾਂ ਨੇ ਅਪੀਲ ਕੀਤੀ ਕਿ ਵੋਟ ਸਾਡਾ ਹੱਕ ਹੈ ਅਤੇ ਹਰੇਕ ਯੋਗ ਵੋਟਰ ਬਿਨ੍ਹਾਂ ਕਿਸੇ ਡਰ, ਭੈਅ ਜਾਂ ਲਾਲਚ ਦੇ ਆਪਣੇ ਮਤਦਾਨ ਦੇ ਹੱਕ ਦੀ ਵਰਤੋਂ ਕਰੇ।

# ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਮੌਕੇ ਖ਼ੂਨਦਾਨ ਕੈਂਪ ਦਾ ਆਯੋਜਨ

## ਸੰਸਦ ਮੈਂਬਰ ਮਨੀਸ਼ ਤਿਵਾੜੀ ਨੇ ਸੰਸਥਾ ਦੇ ਯਤਨਾਂ ਦੀ ਸ਼ਲਾਘਾ ਕੀਤੀ



ਬਲਾਚੌਰ, 24 ਮਾਰਚ (ਗਿਆਨ ਸਿੰਘ) ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਮੌਕੇ ਪੰਜਾਬ ਟੈਕਸੀ ਅਪਰੇਟਰ ਯੂਨੀਅਨ ਵੱਲੋਂ ਖ਼ੂਨਦਾਨ ਕੈਂਪ ਲਗਾਇਆ ਗਿਆ, ਜਿਸ ਮੌਕੇ ਮੁੱਖ ਮਹਿਮਾਨ ਵਜੋਂ ਪਹੁੰਚੇ ਗੁਰਦੁ-ਆਰਾ ਡੇਰਾ ਕਰਤਾਰਗੜ੍ਹ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਅਮਰੀਕ ਸਿੰਘ ਅਤੇ ਸ੍ਰੀ ਆਨੰਦਪੁਰ ਸਾਹਿਬ ਦੇ ਸੰਸਦ ਮੈਂਬਰ ਅਤੇ ਸਾਬਕਾ ਕੇਂਦਰੀ ਮੰਤਰੀ ਮਨੀਸ਼ ਤਿਵਾੜੀ ਨੇ ਸੰਸਥਾ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ।

ਇਸ ਮੌਕੇ ਸੰਸਦ ਮੈਂਬਰ ਤਿਵਾੜੀ ਨੇ ਕਿਹਾ ਕਿ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਉਨ੍ਹਾਂ ਦੇ ਵਿਚਾਰਾਂ 'ਤੇ ਚੱਲ ਕੇ ਲੋਕ ਭਲਾਈ ਲਈ ਕੰਮ ਕਰਨਾ ਹੈ ਅਤੇ ਸੰਸਥਾ ਵੱਲੋਂ ਖ਼ੂਨਦਾਨ ਕੈਂਪ ਰਾਹੀਂ ਇਕੱਠੀ ਕੀਤੀ ਗਈ ਖ਼ੂਨ ਦੀ ਇਕ-ਇਕ ਬੂੰਦ ਨਾਲ ਕਈ ਲੋਕਾਂ ਦੀਆਂ ਜਾਨਾਂ ਬਚ ਜਾਣਗੀਆਂ। ਉਨ੍ਹਾਂ ਪਾਰਟੀ ਵੱਲੋਂ ਲੋਕ ਭਲਾਈ ਦੇ ਹਰ ਤਰ੍ਹਾਂ ਦੇ ਕੰਮਾਂ ਵਿੱਚ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਐਮ.ਪੀ ਤਿਵਾੜੀ ਨੇ ਕੈਂਪ ਵਿੱਚ ਪਹੁੰਚੇ ਲੋਕਾਂ ਦੀ ਹੌਂਸਲਾ ਅਫਜਾਈ ਵੀ ਕੀਤੀ, ਜੋ ਖ਼ੂਨਦਾਨ ਕਰਕੇ ਇਸ ਮਹਾਨ ਦਾਨ ਵਿੱਚ ਆਪਣਾ ਯੋਗਦਾਨ ਪਾ ਰਹੇ ਹਨ।

ਜਿੱਥੇ ਹੋਰਨਾਂ ਤੋਂ ਇਲਾਵਾ, ਜ਼ਿਲ੍ਹਾ ਕਾਂਗਰਸ ਪ੍ਰਧਾਨ ਅਜੈ ਮੰਗੂਪੁਰ, ਜ਼ਿਲ੍ਹਾ ਯੋਜਨਾ ਬੋਰਡ ਦੇ ਸਾਬਕਾ ਚੇਅਰਮੈਨ ਸਤਵੀਰ ਸਿੰਘ ਪੱਲੀਝਿੱਕੀ, ਯੂਨੀਅਨ ਦੇ ਜਨਰਲ ਸਕੱਤਰ ਬਲਵੀਰ ਸਿੰਘ ਥਾਂਦੀ, ਜਤਿੰਦਰ ਕੁਮਾਰ, ਸੁਖਬੀਰ ਸਿੰਘ, ਭੁਪਿੰਦਰ ਸਿੰਘ ਰਾਠੀ, ਰਜਿੰਦਰ ਛਿੰਦੀ, ਨਵੀਨ ਆਦੀਆਣਾ, ਹਰਜੀਤ ਜਾਡਲੀ ਆਦਿ ਹਾਜ਼ਰ ਸਨ।

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO · HOME · TRUCK · BUSINESS · LIFE · MEDICAL
ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.
Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779
Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094
Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us

CAPITAL DRUG TESTING
Capital DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse, DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

MagGas Medical Brampton
MGM
MAGGAS MEDICAL INC.
Helping you breathe deep and rest easy.
- CPAP ਮਸ਼ੀਨਾਂ, ਮਾਸਕ ਅਤੇ ਸਪਲਾਈ
- ਮੁਫ਼ਤ ਸਲਾਹ
- ਓਨਟਾਰੀਓ ਡਿਸਏਬਿਲਟੀ ਸਪੋਰਟ ਪ੍ਰੋਗਰਾਮ ਲਈ
- ਓਨਟਾਰੀਓ ਵਰਕਸ ਲਈ ਮੁਫ਼ਤ
- ਮੁਫ਼ਤ ਡਿਲੀਵਰੀ
(647) 954-9885
20 Maritime Ont Blvd
Unit 15
Brampton, ON L6S 0C2

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca 416-502-3100 Unit #20 - 7015 Tranmere Drive Mississauga, ON L5S 1T7

Royal Pest Control
Residential Commercial Industrial
Specialist in Bedbugs Service
All Pest Control :
- Mouse & Rats - Spiders & Fleas - Bedbugs - Wasps
- Cockroaches - Carpenter Ants - Silver Fish - Racoons
Call : PARESH PATEL
(Government Approved Licensed Technician)
416 938 4598

KELLEY LAW OFFICE
Immigration | Real Estate
Family Law | Business Closing
Corporate | Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre 25
Avon Financial Inc.
Brokerage Lic. 12538
Cell: 416-841-4218 Tel: 905-216-5563
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law - Business Law
- Wills & Estates - Family Law
- Power of Attorney - Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca




# ਆਈ.ਕੇ.ਜੀ.ਪੀ.ਟੀ.ਯੂ ਦੇ ਇਮਤਿਹਾਨਾਂ ਵਿੱਚ ਦੋਆਬਾ ਬਿਜ਼ਨਸ ਸਕੂਲ ਦੇ ਵਿਦਿਆਰਥੀਆਂ ਨੇ ਮਾਰੀਆਂ ਮੱਲਾਂ

## ਗਰੁੱਪ ਦੀਆਂ ਵਿਦਿਆਰਥਣਾ ਨੇ ਸੀ.ਜੀ.ਪੀ.ਏ 9.13 ਅਤੇ 9.04 ਰੈਂਕ ਪ੍ਰਾਪਤ ਕਰਕੇ ਵਧਾਇਆ ਕੈਂਪਸ ਦਾ ਮਾਣ

ਮੋਹਾਲੀ 24 ਮਾਰਚ (ਗਿਆਨ ਸਿੰਘ): ਦੁਆਬਾ ਗਰੁੱਪ ਦੀਆ ਪ੍ਰਾਪਤੀਆਂ ਵਿੱਚ ਇੱਕ ਪ੍ਰਾਪਤੀ ਉਸ ਵੇਲੇ ਹੋਰ ਆਣ ਜੁੜੀ ਜਦੋਂ ਗਰੁੱਪ ਦੀਆਂ ਵਿਦਿਆਰਥਣਾਂ ਨੇ ਆਈ.ਕੇ.ਜੀ.ਪੀ.ਟੀ.ਯੂ ਦੇ ਇਮਤਿਹਾਨਾਂ ਵਿਚ ਉੱਚ ਰੈਂਕ ਪ੍ਰਾਪਤ ਕਰਕੇ ਕੈਂਪ ਦਾ ਨਾਮ ਰੌਸ਼ਨ ਕੀਤਾ । ਦੱਸ ਦਈਏ ਕਿ ਦੁਆਬਾ ਬਿਜ਼ਨਸ ਸਕੂਲ ਦੀ ਵਿਦਿਆਰਥਣ ਗੋਲਡੀ ਕੁਮਾਰੀ ਨੇ ਆਈ.ਕੇ.ਜੀ.ਪੀ.ਟੀ.ਯੂ ਜਲੰਧਰ ਕਪੂਰਥਲਾ ਵੱਲੋਂ ਲੈ ਗਏ ਬੀ.ਸੀ. ਏ. ਸਮੈਸਟਰ ਤੀਜੇ ਦੇ ਇਮਤਿਹਾਨ ਵਿਚ ਪਹਿਲੇ ਸਥਾਨ ਦੇ ਨਾਲ ਸੀ.ਜੀ.ਪੀ.ਏ 9.13 ਰੈਂਕ ਪ੍ਰਾਪਤ ਕੀਤਾ । ਜਦੋਂ ਕਿ ਗਰੁੱਪ ਦੀ ਦੂਸਰੀ ਵਿਦਿਆਰਥਣ ਗੌਰਵੀ ਨੇ ਬੀਸੀਏ ਦੇ 5ਵੇਂ ਸਮੈਸਟਰ ਚੋਂ ਪਹਿਲੇ ਸਥਾਨ ਦੇ ਨਾਲ 9.03 ਐੱਸ.ਜੀ.ਪੀ.ਏ , ਹਰਸ਼ਰਨ ਕੌਰ ਨੇ ਬੀਸੀਏ ਦੇ 5ਵੇਂ ਸਮੈਸਟਰ ਚੋਂ ਪਹਿਲੇ ਸਥਾਨ ਦੇ ਨਾਲ 9.03 ਐੱਸ.ਜੀ.ਪੀ.ਏ ਰੈਂਕ ਲਿਆ ਇਸਦੇ ਨਾਲ ਹੀ ਦੁਆਬਾ ਬਿਜ਼ਨਸ ਸਕੂਲ ਦੇ ਦੂਜੇ ਵਿਦਿਆਰਥੀਆਂ ਨੇ ਵੀ ਵਧੀਆਂ ਰੈਂਕ ਪ੍ਰਾਪਤ ਕਰਕੇ ਗਰੁੱਪ ਦਾ ਨਾ ਰੋਸ਼ਨ ਕੀਤਾ ਹੈ। ਬੀਬੀਏ ਵਿਚ ਅਰਸ਼ਦੀਪ ਕੌਰ ਰੌਣਕ ਕੁਮਾਰ ਨਵਲੀਨ ਕੌਰ, ਬੀ ਕੌਮ ਵਿੱਚ ਦੀਕਸ਼ਾ, ਮਨੋਹਰ ਕੌਰ , ਅਨੁਰਾਧਾ ਜਦੋਂ ਕਿ ਬੀਐਸਸੀ ਐੱਮ ਐੱਲ ਐੱਸ ਵਿੱਚ



Goldy kumari Gaurvi Harashandeep Kaur

ਸ਼ਵਿਨੀ ਦੇ ਵੀ ਨੂਰਮਿੰਦਰ ਕੌਰ , ਬੀਸੀਏ ਦੀ ਨੀਤੀਕਾ ਚੌਬੇ ਅਤੇ ਬੀਐਸਸੀ ਐਗਰੀਕਲਚਰ ਦੇ ਮਨੀਸ਼ ਕੁਮਾਰ ਨੇ ਵਧੀਆ ਅੰਕ ਪ੍ਰਾਪਤ ਕੀਤੇ । ਵਿਦਿਆਰਥੀਆਂ ਨੇ ਆਪਣੀ ਇਸ ਸਫਲਤਾ ਦਾ ਸਿਹਰਾ ਦੁਆਬਾ ਬਿਜਨਸ ਸਕੂਲ ਦੇ ਪ੍ਰਿੰਸੀਪਲ ਮੀਨੂ ਜੇਟਲੀ ਆਪਣੇ ਮਾਪਿਆਂ ਅਤੇ ਕਾਲਜ ਪ੍ਰਬੰਧਕਾਂ ਦੇ ਸਿਰ ਬੰਨਿਆ ਹੈ ।

ਵਿਦਿਆਰਥਣਾਂ ਵੱਲੋਂ ਪ੍ਰਾਪਤ ਕੀਤੀਆਂ ਗਈਆਂ ਪੁਜੀਸ਼ਨਾਂ ਤੋਂ ਬਾਅਦ ਕਾਲਜ ਪ੍ਰਬੰਧਕਾਂ ਵੱਲੋਂ ਹੋਰਨਾਂ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਨ ਦੇ ਲਈ ਇਕ ਸਾਦਾ ਸਮਾਗਮ ਉਲੀਕਿਆ ਗਿਆ। ਜਿਸ ਵਿੱਚ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਦੁਆਬਾ ਬਿਜਨਸ ਸਕੂਲ ਦੇ ਪ੍ਰਿੰਸੀਪਲ ਮੀਨੂ ਜੇਟਲੀ ਨੇ ਕਿਹਾ ਕਿ ਸਫ਼ਲਤਾ ਦੀ ਪ੍ਰਾਪਤੀ ਲਈ ਨਿਰੰਤਰ ਮਿਹਨਤ, ਸੱਚੀ ਲਗਨ , ਸਹੀ ਦਿਸ਼ਾ ਦੀ ਜਾਣਕਾਰੀ ਬੇਹੱਦ ਲਾਜਮੀ ਸ਼ਰਤਾਂ ਹਨ । ਇਸ ਲਈ ਵਿਦਿਆਰਥੀਆਂ ਨੂੰ ਕਿਸੇ ਵੀ ਤਰੀਕੇ ਦਾ ਕੋਈ ਸ਼ਾਰਟ ਕੱਟ ਨਹੀਂ ਅਪਣਾਉਣਾ ਚਾਹੀਦਾ ਸਗੋਂ ਸਫਲਤਾ ਪ੍ਰਾਪਤ ਕਰਨ ਦੇ ਲਈ ਲਗਾਤਾਰ ਮਿਹਨਤ ਕਰਨੀ ਚਾਹੀਦੀ ਹੈ।

ਇਸ ਮੌਕੇ ਮੀਡਿਆ ਨਾਲ ਗੱਲਬਾਤ ਕਰਦੇ ਹੋਏ ਦੁਆਬਾ ਗਰੁੱਪ ਦੇ ਐਗਜੀਕਿਉਟਿਵ ਵਾਈਸ ਚੇਅਰਮੈਨ ਸਰਦਾਰ ਮਨਜੀਤ ਸਿੰਘ ਨੇ ਦੱਸਿਆ ਕਿ ਪੜਾਈ ਵਿੱਚ ਮੋਹਰੀ ਰਹਿਣ ਵਾਲੇ ਵਿਦਿਆਰਥੀਆਂ ਨੂੰ ਜਿੱਥੇ ਗਰੁੱਪ ਦੇ ਵੱਲੋਂ ਕੁੱਝ ਖ਼ਾਸ ਵਜ਼ੀਫ਼ਿਆਂ ਦੇ ਨਾਲ ਸਨਮਾਨਿਤ ਕੀਤਾ ਜਾਂਦਾ ਹੈ। ਇਸਦੇ ਨਾਲ ਹੀ ਹੋਣਹਾਰ ਵਿਦਿਆਰਥੀਆਂ ਨੂੰ ਫੀਸਾਂ ਦੇ ਵਿੱਚ ਵੀ ਵੱਡੀਆਂ ਰਿਆਇਤਾਂ ਦਿੱਤੀਆਂ ਜਾਂਦੀਆਂ ਹਨ। ਵਿਦਿਆਰਥੀਆਂ ਦੇ ਲਈ ਫ੍ਰੈਂਡਲੀ ਇਨਵਾਇਰਮੈਂਟ ਰੱਖਦੇ ਹੋਏ ਉਨ੍ਹਾਂ ਦੇ ਸਰਵਪੱਖੀ ਵਿਕਾਸ ਵੱਲ ਖ਼ਾਸ ਧਿਆਨ ਦਿੱਤਾ ਜਾਂਦਾ ਹੈ।

# ਗਿਦੜਬਾਹਾ ਵਿਖੇ ਸਵੀਪ ਟੀਮ ਨੇ ਸਾਈਕਲ ਰੈਲੀ ਕਰਕੇ ਸ਼ਹਿਰ ਵਾਸੀਆਂ ਨੂੰ ਵੋਟ ਪਾਉਣ ਲਈ ਕੀਤਾ ਪ੍ਰੇਰਿਤ

ਗਿਦੜਬਾਹਾ, 24 ਮਾਰਚ (ਗਿਆਨ ਸਿੰਘ): ਜਿਲ੍ਹਾ ਚੋਣ ਅਫਸਰ ਕਮ ਡਿਪਟੀ ਕਮਿਸ਼ਨਰ ਸ੍ਰੀ ਹਰਪ੍ਰੀਤ ਸਿੰਘ ਸੂਦਨ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਡਾ. ਅਜੀਤ ਪਾਲ ਸਿੰਘ ਐਸਡੀਐਮ ਗਿਦੜਬਾਹਾ ਦੀ ਯੋਗ ਅਗਵਾਈ ਹੇਠ ਸ਼ਹੀਦੇ ਆਜ਼ਮ ਸਰਦਾਰ ਭਗਤ ਸਿੰਘ ਰਾਜਗੁਰੂ ਸੁਖਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਡੀਏਵੀ ਕਾਲਜ ਗਿੱਦੜਬਾਹਾ ਵਿਖੇ ਸਵੀਪ ਟੀਮ ਗਿਦੜਬਾਹਾ ਨੇ ਨੋਜਵਾਨਾਂ ਅਤੇ ਸਹਿਰ ਵਾਸੀਆਂ ਨੂੰ ਵੋਟ ਜਰੂਰ ਪਾਉਣ ਲਈ ਪ੍ਰੇਰਿਤ ਕੀਤਾ।

ਸਵੀਪ ਟੀਮ ਗਿੱਦੜਬਾਹਾ 084 ਦੇ ਨੋਡਲ ਅਫਸਰ ਅਸ਼ੋਕ ਕੁਮਾਰ, ਤਰਸੇਮ ਸਿੰਘ, ਕਮਲਜੀਤ ਸਿੰਘ, ਉਮੇਸ਼ ਕੁਮਾਰ ਅਤੇ ਰਾਧੇ ਸ਼ਾਮ ਵੱਲੋਂ ਸਾਈਕਲ ਰੈਲੀ ਦਾ ਅਯੋਜਨ ਕਰਕੇ ਨੌਜਵਾਨਾਂ ਨੂੰ ਅਤੇ ਸ਼ਹਿਰ ਵਾਸੀਆਂ ਨੂੰ ਆਪਣੀ ਵੋਟ ਦਾ ਇਸਤਮਾਲ ਜਰੂਰ ਕਰਨ ਲਈ ਪ੍ਰੇਰਿਤ ਕੀਤਾ।

ਇਸ ਤੋਂ ਇਲਾਵਾ ਸਵੀਪ ਟੀਮ ਗਿੱਦੜਬਾਹਾ ਵੱਲੋਂ ਐਸ.ਐਸ.ਡੀ ਕਮਿਊਨਿਟੀ ਸੈਂਟਰ ਗਿਦੜਬਾਹਾ ਵਿਖੇ ਮੈਡੀਕਲ ਕੈਂਪ ਦੋਰਾਨ ਵੱਖਵੱਖ ਐਨਜੀਓ ਦੇ ਅਹੁਦੇਦਾਰਾਂ ਨੂੰ ਵੋਟ ਜਰੂਰ ਪਾਉਣ ਅਤੇ ਭਾਰਤੀ ਚੋਣ ਕਮਿਸ਼ਨ ਦੁਆਰਾ ਨਿਰਧਾਰਿਤ ਇਸ ਵਾਰ ਵੋਟ ਪਰਸੈਂਟ ਨੂੰ 70 ਪ੍ਰਤੀਸ਼ਤ ਤੋਂ ਪਾਰ ਲੈ ਕੇ ਜਾਣ ਲਈ ਸਹਿਯੋਗ ਦੇਣ ਦਾ ਭਰੋਸਾ ਲਿਆ ਗਿਆ।



# ‘ਸੰਗਰੂਰ ਨਕਲੀ ਸ਼ਰਾਬ’ ਮਾਮਲੇ ਦੀ ਜਾਂਚ ਲਈ ਪੰਜਾਬ ਪੁਲਿਸ ਵੱਲੋਂ 4 ਮੈਂਬਰੀ ਐਸ.ਆਈ.ਟੀ. ਦਾ ਗਠਨ

## ਅੱਠ ਮੁੱਖ ਦੋਸ਼ੀ ਪਹਿਲਾਂ ਹੀ ਪੰਜਾਬ ਪੁਲਿਸ ਦੀ ਹਿਰਾਸਤ ਵਿੱਚ

ਚੰਡੀਗੜ੍ਹ, 23 ਮਾਰਚ (ਗਿਆਨ ਸਿੰਘ): ਸੰਗਰੂਰ ਨਕਲੀ ਸ਼ਰਾਬ ਕੇਸ ਪਿੱਛੇ ਕੰਮ ਕਰਦੇ ਸਮੁੱਚੇ ਗਠਜੋੜ ਦਾ ਪਰਦਾਫਾਸ਼ ਕਰਨ ਲਈ, ਪੰਜਾਬ ਪੁਲਿਸ ਨੇ ਸ਼ਨੀਵਾਰ ਨੂੰ ਇਸ ਕੇਸ ਵਿੱਚ ਪੇਸ਼ੇਵਰ ਅਤੇ ਵਿਗਿਆਨਕ ਢੰਗ ਨਾਲ ਅਗਲੀਆਂ -ਪਿਛਲੀਆਂ ਕੜੀਆਂ ਦੀ ਵਿਧੀਬਧ ਪੜਤਾਲ ਤੇ ਪੁਣ-ਛਾਣ ਕਰਨ ਦੇ ਮੱਦੇਨਜ਼ਰ ਇੱਕ ਚਾਰ ਮੈਂਬਰੀ ਵਿਸ਼ੇਸ਼ ਜਾਂਚ ਟੀਮ (ਐਸ.ਆਈ.ਟੀ.) ਦਾ ਗਠਨ ਕੀਤਾ ਹੈ।

ਚਾਰ ਮੈਂਬਰੀ ਵਿਸ਼ੇਸ਼ ਜਾਂਚ ਟੀਮ (ਐਸ.ਆਈ.ਟੀ.) ਦੀ ਅਗਵਾਈ ਏਡੀਜੀਪੀ ਲਾਅ ਐਂਡ ਆਰਡਰ ਗੁਰਿੰਦਰ ਸਿੰਘ ਢਿੱਲੋਂ ਕਰ ਰਹੇ ਹਨ, ਜਦਕਿ ਡੀ.ਆਈ.ਜੀ. ਪਟਿਆਲਾ ਰੇਂਜ ਹਰਚਰਨ ਸਿੰਘ ਭੁੱਲਰ, ਐਸ.ਐਸ.ਪੀ. ਸੰਗਰੂਰ ਸਰਤਾਜ ਚਾਹਲ ਅਤੇ ਵਧੀਕ ਕਮਿਸ਼ਨਰ (ਆਬਕਾਰੀ) ਨਰੇਸ਼ ਦੂਬੇ ਇਸ ਦੇ ਮੈਂਬਰ ਹਨ।

ਜ਼ਿਕਰਯੋਗ ਹੈ ਕਿ ਜ਼ਿਲ੍ਹਾ ਸੰਗਰੂਰ ਦੀ ਪੁਲੀਸ ਨੇ ਥਾਣਾ ਦਿੜ੍ਹਬਾ ਦੇ ਖੇਤਰ ਵਿੱਚ ਨਕਲੀ ਸ਼ਰਾਬ ਵੇਚਣ ਵਾਲੇ ਅੱਠ ਮੁਲਜ਼ਮਾਂ ਨੂੰ ਪਹਿਲਾਂ ਹੀ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਵੱਡੀ ਮਾਤਰਾ ਵਿੱਚ ਨਕਲੀ ਸ਼ਰਾਬ ਅਤੇ ਨਕਲੀ ਸ਼ਰਾਬ ਬਣਾਉਣ ਅਤੇ ਲੇਬਲਿੰਗ ਕਰਨ ਲਈ ਵਰਤਿਆ ਜਾਣ ਵਾਲਾ ਹੋਰ ਸਾਜ਼ੋ-ਸਾਮਾਨ ਬਰਾਮਦ ਕੀਤਾ ਹੈ।

ਗ੍ਰਿਫਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਸੋਮਾ ਕੌਰ, ਰਾਹੁਲ ਉਰਫ਼ ਸੰਜੂ ਅਤੇ ਪਰਦੀਪ ਸਿੰਘ ਉਰਫ਼ ਬੱਬੀ, ਸਾਰੇ ਵਾਸੀ ਚੁਹਾਵਾਂ, ਚੀਮਾਂ ; ਗੁਰਲਾਲ ਸਿੰਘ ਵਾਸੀ ਪਿੰਡ ਉਭਾਵਾਲ ,ਸੰਗਰੂਰ; ਹਰਮਨਪ੍ਰੀਤ ਸਿੰਘ ਵਾਸੀ ਪਿੰਡ ਤਾਈਪੁਰ(ਪਟਿਆਲਾ); ਅਰਸ਼ਦੀਪ ਸਿੰਘ ਉਰਫ਼ ਅਰਸ਼ ਵਾਸੀ ਪਿੰਡ ਰੋਗਲਾ ਅਤੇ ਮਨਪ੍ਰੀਤ ਸਿੰਘ ਉਰਫ ਮਨੀ ਅਤੇ ਸੁਖਵਿੰਦਰ ਸਿੰਘ ਉਰਫ ਸੁੱਖੀ ਦੋਵੇਂ ਵਾਸੀ ਪਿੰਡ ਗੁੱਜਰਾਂ, ਦਿੜ੍ਹਬਾ ਵਜੋਂ ਹੋਈ ਹੈ।

ਐਸ.ਆਈ.ਟੀ., ਇਸ ਮਾਮਲੇ ਵਿੱਚ ਅਗਲੀਆਂ -ਪਿਛਲੀਆਂ ਕੜੀਆਂ ਦੀ ਡੂੰਘਾਈ ਨਾਲ ਜਾਂਚ ਕਰੇਗੀ ਤਾਂ ਜੋ ਨਕਲੀ ਸ਼ਰਾਬ ਦੇ ਸਰੋਤਾਂ ਦਾ ਪਤਾ ਲਗਾਉਣ ਲਈ ਵਰਤੇ ਜਾਂਦੇ ਢੰਗ-ਤਰੀਕਿਆਂ ਅਤੇ ਇਸ ਪਿਛੇ ਕੰਮ ਕਰਦੇ ਗਠਜੋੜ, ਜਿਸਨੇ ਪਿੰਡਾਂ ਤੱਕ ਪੈਰ ਪਸਾਰ ਲਏ ਹਨ, ਦਾ ਪਰਦਾਫਾਸ਼ ਕੀਤਾ ਜਾ ਸਕੇ ਅਤੇ ਮਾਮਲੇ ਵਿੱਚ ਸ਼ਾਮਲ ਸਾਰੇ ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਜਾਵੇਗਾ।







